3_January_Kapurthala_6_8_9.qxd 03-01-02 11:12 Page 1







## ਸ਼੍ਰੋਮਣੀ ਕਮੇਟੀ ਪ੍ਰਧਾਨ ਵਲੋਂ ਆਪਣੀ ਟੀਮ ਦੀ ਜਿੱਤ 'ਤੇ ਖਿਡਾਰੀਆਂ ਨੂੰ ਦਿੱਤੀ ਵਧਾਈ



ਐਸ. ਜੀ.ਪੀ.ਸੀ. ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ। ਤਸਵੀਰ: ਲਾਡੀ ਸਟੂਡੀਓ

ਸੁਲਤਾਨਪੁਰ ਲੋਧੀ, 3 ਜਨਵਰੀ (ਨਰੇਸ਼ ਹੈਪੀ, ਥਿੰਦ) ਕਿਸਾਨ ਸੰਘਰਸ਼ ਦੀ ਜਿੱਤ ਦੀ ਖ਼ੁਸ਼ੀ ਵਿਚ ਸ਼ੇਰੇ ਪੰਜਾਬ ਨੌਜਵਾਨ ਸਭਾ ਸੁਲਤਾਨਪੁਰ ਲੋਧੀ ਵਲੋਂ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਕਰਵਾਏ ਗਏ ਕਬੱਡੀ ਟੂਰਨਾਮੈਂਟ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਬਾਬਾ ਜ਼ੋਰਾਵਰ ਸਿੰਘ ਬਾਬਾ ਫ਼ਤਿਹ ਸਿੰਘ ਅਕੈਡਮੀ ਵੱਲੋਂ ਸ਼ਾਨਦਾਰ ਜਿੱਤ ਪ੍ਰਾਪਤ ਕਰਨ ਤੇ ਪਹਿਲਾ ਇਨਾਮ ਹਾਸਲ ਕਰਨ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਮੂਹ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਸ਼੍ਰੋਮਣੀ ਕਮੇਟੀ ਦੇ ਖੇਡ ਵਿਭਾਗ ਦੇ ਇੰਚਾਰਜ ਸਕੱਤਰ ਤੇਜਿੰਦਰ ਸਿੰਘ ਪੱਡਾ ਵਲੋਂ ਕੀਤੀ ਮਿਹਨਤ ਦੀ ਵੀ ਭਰਪੂਰ ਸ਼ਲਾਘਾ ਕੀਤੀ।



ਰਜੇਸ਼ ਪਾਸੀ ਤੇ ਜਥੇਦਾਰ ਰਣਜੀਤ ਸਿੰਘ ਖੋਜੇਵਾਲ

## ਜ਼ਿਲ੍ਹੇ ਤੋਂ 200 ਬੱਸਾਂ ਦਾ ਕਾਫ਼ਲਾ ਪ੍ਰਧਾਨ ਮੰਤਰੀ ਦੀ ਰੈਲੀ 'ਚ ਸ਼ਾਮਿਲ ਹੋਵੇਗਾ-ਪਾਸੀ, ਖੋਜੇਵਾਲ

ਕਪੂਰਥਲਾ, 3 ਜਨਵਰੀ (ਅਮਰਜੀਤ ਕੋਮਲ)-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ 'ਤੇ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਚ ਭਾਰਤੀ ਜਨਤਾ ਪਾਰਟੀ ਵਲੋਂ ਕੀਤੀ ਜਾਣ ਵਾਲੀ ਸੂਬਾ ਪੱਧਰੀ ਰੈਲੀ ਵਿਚ ਕਪੂਰਥਲਾ ਜ਼ਿਲ੍ਹੇ ਤੋਂ 200 ਬੱਸਾਂ ਦਾ ਕਾਫ਼ਲਾ 5 ਜਨਵਰੀ ਨੂੰ ਸਵੇਰੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਰਵਾਨਾ ਹੋਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਜੇਸ਼ ਪਾਸੀ ਪ੍ਰਧਾਨ ਭਾਜਪਾ ਜ਼ਿਲ੍ਹਾ ਕਪੂਰਥਲਾ ਤੇ ਰੈਲੀ ਦੇ ਪ੍ਰਮੁੱਖ ਤੇ ਮਾਰਕੀਟ ਦੇ ਸਾਬਕਾ ਚੇਅਰਮੈਨ ਜਥੇਦਾਰ ਰਣਜੀਤ ਸਿੰਘ ਖੋਜੇਵਾਲ ਨੇ ਦੱਸਿਆ ਕਿ ਰੈਲੀ ਨੂੰ ਸਫ਼ਲ ਬਣਾਉਣ ਲਈ ਪਾਰਟੀ ਹਾਈ ਕਮਾਂਡ ਵਲੋਂ ਜਗਦੀਸ਼ ਸ਼ਰਮਾ ਨੂੰ ਟਰਾਂਸਪੋਰਟ ਪ੍ਰਮੁੱਖ ਤੇ ਓਮ ਪ੍ਰਕਾਸ਼ ਬਹਿਲ ਨੂੰ ਭੋਜਨ ਦਾ ਪ੍ਰਬੰਧ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

## ਜਨਮ ਦਿਨ ਮੁਬਾਰਕ



ਸੁਖਰੂਪ ਸਿੰਘ
ਮਾਤਾ : ਪ੍ਰੀਤਮਣੀ ਕੌਰ
ਪਿਤਾ : ਹਰਪ੍ਰੀਤ ਸਿੰਘ
ਪਿੰਡ ਲੱਖਣ ਕਲਾਂ (ਕਪੂਰਥਲਾ)



ਇਨਾਇਆ
ਮਾਤਾ : ਡਾ. ਆਸ਼ੂ ਬੰਗੜ
ਪਿਤਾ : ਡਾ. ਸੰਦੀਪ ਬੰਗੜ
ਵਾਸੀ : ਫਗਵਾੜਾ

## ਵਰ੍ਹੇਗੰਢ ਮਨਾਈ



ਕੁਲਬੀਰ ਸਿੰਘ ਖੈੜਾ ਤੇ ਕਮਲਜੀਤ ਕੌਰ ਵਾਸੀ ਖੈੜਾ ਦੋਨਾ ਨੇ ਆਪਣੇ ਵਿਆਹ ਦੀ 13ਵੀਂ ਵਰ੍ਹੇਗੰਢ ਮਨਾਈ।



ਹਰਜਿੰਦਰ ਸਿੰਘ ਇਟਲੀ ਤੇ ਜਸਵਿੰਦਰ ਕੌਰ ਵਾਸੀ ਘੁੱਦੂਵਾਲ, ਲੋਹੀਆਂ ਨੇ ਆਪਣੇ ਵਿਆਹ ਦੀ 18ਵੀਂ ਵਰ੍ਹੇਵੰਢ ਮਨਾਈ।



ਰੀਨਾ ਤੇ ਰਾਹੁਲ ਵਾਸੀ ਫਿਲਵਾਂ ਨੇ ਆਪਣੇ ਵਿਆਹ ਦੀ 9ਵੀਂ ਵਰ੍ਹੇਗੰਢ ਮਨਾਈ।





ਸ਼ੇਰੇ ਪੰਜਾਬ ਨੌਜਵਾਨ ਸਭਾ ਵਲੋਂ ਕਿਸਾਨਾਂ ਦੀ ਜਿੱਤ ਨੂੰ ਸਮਰਪਿਤ ਕਰਵਾਏ ਗਏ ਕਬੱਡੀ ਮਹਾਂਕੁੰਭ ਦੌਰਾਨ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਦਾ ਸਨਮਾਨ ਕਰਦੇ ਹੋਏ ਪ੍ਰਧਾਨ ਨਿਰਮਲ ਸਿੰਘ ਮੱਲ, ਸ਼ਮਿੰਦਰ ਸਿੰਘ ਸੰਧੂ, ਜਥੇਦਾਰ ਰਣਜੀਤ ਸਿੰਘ ਆਹਲੀ, ਅਜੈਪਾਲ ਸਿੰਘ, ਗੁਰਮੀਤ ਸਿੰਘ ਜਥੇਦਾਰ ਗੁਰਚਰਨ ਸਿੰਘ ਤੇ ਹੋਰ। (ਸੱਜੇ) ਕਬੱਡੀ ਟੂਰਨਾਮੈਂਟ ਵਿਚ ਜੇਤੂ ਰਹੇ ਬੈੱਸਟ ਰੇਡਰ ਅਤੇ ਸਟਾਪਰ ਨੂੰ ਮੋਟਰਸਾਈਕਲ ਦੇ ਕੇ ਸਨਮਾਨ ਕਰਦੇ ਹੋਏ ਗੁਰਨਾਮ ਸਿੰਘ ਚੜੂਨੀ, ਨਾਲ ਪ੍ਰਧਾਨ ਨਿਰਮਲ ਸਿੰਘ। ਤਸਵੀਰਾਂ : ਲਾਡੀ ਸਟੂਡੀਓ

# ਕਿਸਾਨਾਂ ਦੀ ਜਿੱਤ ਦੀ ਖ਼ੁਸ਼ੀ 'ਚ ਸ਼ੇਰੇ ਪੰਜਾਬ ਨੌਜਵਾਨ ਸਭਾ ਵਲੋਂ ਕਰਵਾਇਆ ਕਬੱਡੀ ਦਾ ਮਹਾਂਕੁੰਭ

### ☛ਐਸ.ਜੀ.ਪੀ.ਸੀ ਦੀ ਟੀਮ ਨੇ ਮੱਲੀਆਂ ਦੀ ਟੀਮ ਨੂੰ ਹਰਾ ਕੇ ਜਿੱਤ ਕੀਤੀ ਦਰਜ

ਸੁਲਤਾਨਪੁਰ ਲੋਧੀ, 3 ਜਨਵਰੀ (ਨਰੇਸ਼ ਹੈਪੀ, ਥਿੰਦ)-ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਕਿਸਾਨਾਂ ਵਲੋਂ ਇਕ ਸਾਲ ਤੋਂ ਵੀ ਵੱਧ ਸਮੇਂ ਦਿੱਲੀ ਵਿਚ ਚਲਾਏ ਗਏ ਸੰਘਰਸ਼ ਵਿਚ ਜਿੱਥੇ ਪੂਰੇ ਦੇਸ਼ ਵਾਸੀਆਂ ਦਾ ਸਹਿਯੋਗ ਰਿਹਾ ਹੈ, ਉੱਥੇ ਪੰਜਾਬੀਆਂ ਦਾ ਵੀ ਅਹਿਮ ਰੋਲ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਨੇ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਸ਼ੇਰੇ ਪੰਜਾਬ ਨੌਜਵਾਨ ਸਭਾ ਵਲੋਂ ਪਰਵਾਸੀ ਭਾਰਤੀਆਂ, ਆੜ੍ਹਤੀਆਂ, ਕਿਸਾਨਾਂ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਿਸਾਨਾਂ ਦੀ ਜਿੱਤ ਦੀ ਖ਼ੁਸ਼ੀ ਵਿਚ ਕਰਵਾਏ ਗਏ ਕਬੱਡੀ ਮਹਾਂਕੁੰਭ ਦੌਰਾਨ ਆਪਣੇ ਸੰਬੋਧਨ ਵਿਚ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਵੀ ਦੇਸ਼ 'ਤੇ ਕਿਤੇ ਵੀ ਭੀੜ ਬਣੀ ਹੈ ਤਾਂ ਪੰਜਾਬੀਆਂ ਨੇ ਅੱਗੇ ਹੋ ਕੇ ਕੁਰਬਾਨੀਆਂ ਦਿੱਤੀਆਂ। ਪ੍ਰਬੰਧਕਾਂ ਵਲੋਂ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ, ਸੰਤ ਲੀਡਰ ਸਿੰਘ ਸੈਫਲਾਬਾਦ ਵਾਲੇ, ਪਦਮਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ, ਬਾਬਾ ਅਮਰੀਕ ਸਿੰਘ ਖੁਖਰੈਣ ਵਾਲੇ, ਮਹਾਤਮਾ ਮੁਨੀ ਖੈੜਾ ਬੇਟ ਵਾਲੇ, ਬਾਬਾ ਜੱਗੀ, ਬਾਬਾ ਪ੍ਰੇਮ ਸਿੰਘ ਸੁਰਸਿੰਘ ਵਾਲੇ ਅਤੇ ਹੋਰ ਪਤਵੰਤਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਕਬੱਡੀ ਕੱਪ ਦਾ ਫਾਈਨਲ ਟੂਰਨਾਮੈਂਟ ਐੱਸਜੀਪੀਸੀ ਸ੍ਰੀ ਅੰਮ੍ਰਿਤਸਰ ਦੀ ਟੀਮ ਦਾ ਸਾਬੀ ਕਲੱਬ ਮੱਲੀਆਂ ਨਾਲ ਹੋਇਆ ਜਿਸ ਵਿਚ ਐੱਸਜੀਪੀਸੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜਿੱਤ ਹਾਸਲ ਕੀਤੀ। ਪ੍ਰਬੰਧਕ ਕਮੇਟੀ ਵਲੋਂ ਜੇਤੂ ਟੀਮ ਨੂੰ 81 ਹਜ਼ਾਰ ਰੁਪਏ ਅਤੇ ਉਪ ਜੇਤੂ ਟੀਮ ਨੂੰ 71 ਹਜ਼ਾਰ ਰੁਪਏ ਇਨਾਮ ਵਜੋਂ ਦਿੱਤੇ ਗਏ। ਇਸ ਮੌਕੇ ਬੈੱਸਟ ਰੇਡਰ ਮਨਜੋਤ ਸਿੰਘ ਮਾਛੀਵਾੜਾ ਤੇ ਲੱਡਾ ਬੱਲਪੁਰੀਆ ਅਤੇ ਬੈੱਸਟ ਸਟਾਪਰ ਅੰਮ੍ਰਿਤਪਾਲ ਸਿੰਘ ਲੰਬੜ ਨੂੰ ਇਕ ਇੱਕ ਮੋਟਰਸਾਈਕਲ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਲੜਕੀਆਂ ਦਾ ਸ਼ੋਅ ਮੈਚ ਵੀ ਕਰਵਾਇਆ ਗਿਆ। ਕੁਮੈਂਟਰੀ ਦੀ ਭੂਮਿਕਾ ਗੁਰਦੇਵ ਮਿੱਠਾ ਦਰੀਏਵਾਲ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਕਿਸਾਨ ਸੰਘਰਸ਼ ਵਿਚ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਟੂਰਨਾਮੈਂਟ ਦੌਰਾਨ ਲੰਗਰ ਦੀ ਸੇਵਾ ਸੰਤ ਬਾਬਾ ਤਾਰਾ ਸਿੰਘ ਸਰਹਾਲੀ ਵਾਲੇ ਸੰਪਰਦਾਇ ਵਲੋਂ ਨਿਭਾਈ ਗਈ। ਸਮਾਗਮ ਦੇ ਅੰਤ ਵਿਚ ਕਨਵਰ ਗਰੇਵਾਲ ਦਾ ਖੁੱਲ੍ਹਾ ਅਖਾੜਾ ਲਗਾਇਆ ਗਿਆ ਜਿਸ ਨੇ ਕਿਸਾਨੀ ਸੰਘਰਸ਼ ਨਾਲ ਸੰਬੰਧਿਤ ਗੀਤ ਗਾ ਕੇ ਸਰੋਤਿਆਂ ਦਾ ਮਨ ਮੋਹ ਲਿਆ। ਡੀ.ਐਸ.ਪੀ ਸੁਲਤਾਨਪੁਰ ਲੋਧੀ ਸ੍ਰੀ ਰਾਜੇਸ਼ ਕੱਕੜ ਦੇ ਨਿਰਦੇਸ਼ਾਂ 'ਤੇ ਥਾਣਾ ਮੁਖੀ ਸੁਲਤਾਨਪੁਰ ਲੋਧੀ ਬਿਕਰਮ ਸਿੰਘ ਅਤੇ ਥਾਣਾ ਮੁਖੀ ਤਲਵੰਡੀ ਚੌਧਰੀਆਂ ਜਰਨੈਲ ਸਿੰਘ ਦੀ ਅਗਵਾਈ ਹੇਠ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਇਸ ਮੌਕੇ ਪ੍ਰਧਾਨ ਨਿਰਮਲ ਸਿੰਘ ਮੱਲ, ਸ਼ਮਿੰਦਰ ਸਿੰਘ ਸੰਧੂ, ਜਥੇਦਾਰ ਰਣਜੀਤ ਸਿੰਘ ਆਹਲੀ, ਗੁਰਮੀਤ ਸਿੰਘ ਸੋਢੀ, ਤਜਿੰਦਰ ਸਿੰਘ ਪੱਡਾ ਸਕੱਤਰ ਸਪੋਰਟਸ ਐੱਸਜੀਪੀਸੀ, ਮਹਿੰਦਰ ਸਿੰਘ ਆਹਲੀ ਸਕੱਤਰ, ਸੁਪਰਵਾਈਜ਼ਰ ਜਰਨੈਲ ਸਿੰਘ ਬੂਲੇ, ਗੁਰਪ੍ਰਤਾਪ ਸਿੰਘ, ਅਜੇਪਾਲ ਸਿੰਘ, ਜੋਗਾ ਸਿੰਘ ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ, ਕਮਲਜੀਤ ਸਿੰਘ, ਹਰਨੇਕ ਸਿੰਘ, ਸਰਬਜੀਤ ਸਿੰਘ ਆਹਲੀ, ਪ੍ਰੀਤਮ ਸਿੰਘ ਆਹਲੀ, ਗੁਰਮੀਤ ਸਿੰਘ ਆਹਲੀ, ਹੈਪੀ ਬੂਲੇ, ਜਥੇਦਾਰ ਗੁਰਚਰਨ ਸਿੰਘ ਟਿੱਬੀ, ਕਿਸਾਨ ਆਗੂ ਸਰਵਣ ਸਿੰਘ ਬਾਉਪੁਰ, ਪਰਮਜੀਤ ਸਿੰਘ ਖ਼ਾਲਸਾ, ਸੁਖਪ੍ਰੀਤ ਸਿੰਘ, ਦਿਲਬਾਗ ਸਿੰਘ ਗਿੱਲ ਐੱਮਡੀ, ਪਰਮਜੀਤ ਸਿੰਘ ਯੂ ਕੇ, ਗੁਰਪ੍ਰੀਤ ਸਿੰਘ ਸੋਢੀ, ਤਾਰਾ ਸਿੰਘ ਭਿੰਡਰ, ਗਰਦੌਰ ਸਿੰਘ ਆਹਲੀ, ਸੰਮਤੀ ਮੈਂਬਰ ਬਲਵਿੰਦਰ ਸਿੰਘ ਫੱਤੋਵਾਲ, ਸਰਪੰਚ ਭੁਪਿੰਦਰ ਸਿੰਘ ਬੂਲੇ, ਸਰਪੰਚ ਸਲਵਿੰਦਰ ਸਿੰਘ ਭਰੋਵਾਨਾ, ਵਿਰਸਾ ਸਿੰਘ ਆਹਲੀ, ਸੁਖਵਿੰਦਰ ਸਿੰਘ ਰਾਣਾ, ਇੰਦਰਜੀਤ ਸਿੰਘ, ਗੁਰਭੇਜ ਸਿੰਘ ਆਦਿ ਵੀ ਹਾਜ਼ਰ ਸਨ।

## ਫਗਵਾੜਾ ਵਿਖੇ 7 ਦੇ ਨਗਰ ਕੀਰਤਨ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ ਅੱਜ



ਸਤਵੀਰ ਸਿੰਘ ਉਰਫ਼ ਸਾਬੀ ਵਾਲੀਆ

ਫਗਵਾੜਾ, 3 ਜਨਵਰੀ (ਅਸ਼ੋਕ ਕੁਮਾਰ ਵਾਲੀਆ)-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਦੇ ਸੰਬੰਧ ਵਿਚ ਫਗਵਾੜਾ ਦੇ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਵਿਖੇ 7 ਜਨਵਰੀ ਦਿਨ ਸ਼ੁੱਕਰਵਾਰ ਨੂੰ ਮਹਾਨ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਇਸ ਦੀ ਰੂਪ ਰੇਖਾ ਉਲੀਕਣ ਲਈ ਫਗਵਾੜਾ ਦੇ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਆਗੂਆਂ ਦੀ ਮੀਟਿੰਗ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਵਿਖੇ 4 ਜਨਵਰੀ ਦਿਨ ਮੰਗਲਵਾਰ ਨੂੰ ਦੁਪਹਿਰ 3:30 ਵਜੇ ਰੱਖੀ ਗਈ ਹੈ। ਇਸ ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਤਬੀਰ ਸਿੰਘ ਵਾਲੀਆ ਉਰਫ਼ ਸਾਬੀ ਨੇ ਦੱਸਿਆ ਕਿ ਨਗਰ ਕੀਰਤਨ ਸੰਬੰਧੀ ਸ਼ਹਿਰ ਦੇ ਸਮੂਹ ਦੁਕਾਨਦਾਰਾਂ ਨੂੰ ਬੇਨਤੀਆਂ ਕੀਤੀਆਂ ਜਾਣਗੀਆਂ ਕਿ ਉਹ ਉਸ ਦਿਨ ਬਾਜ਼ਾਰ ਦੀ ਸਾਫ਼ ਸਫ਼ਾਈ ਦਾ ਵਿਸ਼ੇਸ਼ ਖ਼ਿਆਲ ਰੱਖਣ ਅਤੇ ਨਗਰ ਕੀਰਤਨ ਦੀ ਸ਼ੋਭਾ ਨੂੰ ਵਧਾਉਣ ਲਈ ਫੁੱਲਾਂ ਦੀ ਵਰਖਾ ਜ਼ਰੂਰ ਕੀਤੀ ਜਾਵੇ ਅਤੇ ਸਮੂਹ ਦੁਕਾਨਦਾਰ ਨਗਰ ਕੀਰਤਨ ਵਿਚ ਆਪਣਾ ਪੂਰਨ ਸਹਿਯੋਗ ਦੇਣ। ਉਨ੍ਹਾਂ ਨੇ ਦੱਸਿਆ ਕਿ ਇਹ ਮਹਾਨ ਨਗਰ ਕੀਰਤਨ 7 ਜਨਵਰੀ ਨੂੰ ਦੁਪਹਿਰ 12:30 ਵਜੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਲਾਈਟਾਂ ਵਾਲਾ ਚੌਕ, ਸੈਂਟਰਲ ਟਾਊਨ, ਗੁੜ ਮੰਡੀ, ਗਾਂਧੀ ਚੌਕ, ਬਾਂਸਾਂ ਵਾਲਾ ਬਾਜ਼ਾਰ, ਗਊਸ਼ਾਲਾ ਰੋਡ, ਨਾਈਆਂ ਵਾਲਾ ਚੌਕ, ਛੱਤੀ ਖੂਹੀ ਚੌਕ, ਗੁਰਦੁਆਰਾ ਅਕਾਲੀਆਂ, ਗੋਲ ਚੌਕ, ਖੇੜਾ ਰੋਡ, ਗੁਰੂ ਨਾਨਕਪੁਰਾ, ਮਾਡਲ ਟਾਊਨ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵੇਗਾ।

## ਨਿਰਮਲ ਕੁਟੀਆ ਡੁਮੇਲੀ ਵਿਖੇ ਨਗਰ ਕੀਰਤਨ 7 ਨੂੰ



ਸੰਤ ਪ੍ਰੀਤਮ ਸਿੰਘ ਡੁਮੇਲੀ

ਫਗਵਾੜਾ, 3 ਜਨਵਰੀ (ਅਸ਼ੋਕ ਕੁਮਾਰ ਵਾਲੀਆ)-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਾਤਸ਼ਾਹੀ ਛੇਵੀਂ ਦੇ ਪੂਰਨ ਚਰਨ ਛੋਹ ਪ੍ਰਾਪਤ ਨਗਰ ਡੁਮੇਲੀ ਵਿਖੇ ਸਾਹਿਬ ਏ ਕਮਾਲ ਮਹਾਨ ਯੋਧੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ 7 ਜਨਵਰੀ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਗੁਰਦੁਆਰਾ ਸੰਤ ਬਾਬਾ ਦਲੀਪ ਸਿੰਘ ਨਿਰਮਲ ਕੁਟੀਆ ਡੁਮੇਲੀ ਤੋਂ ਸਜਾਇਆ ਜਾਵੇਗਾ ਜੋ ਪੂਰੇ ਪਿੰਡ ਦੀ ਪਰਿਕਰਮਾ ਕਰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੇਰੇ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ ਵਾਲਿਆਂ ਨੇ ਦੱਸਿਆ ਕਿ ਇਸ ਨਗਰ ਕੀਰਤਨ ਵਿਚ ਪੰਥ ਪ੍ਰਸਿੱਧ ਗੋਲਡ ਮੈਡਲਿਸਟ ਢਾਡੀ ਗਿਆਨੀ ਤਰਲੋਚਨ ਸਿੰਘ ਭੁਮੱਦੀ ਵਾਲੇ ਸੰਗਤਾਂ ਨੂੰ ਗੁਰਇਤਿਹਾਸ ਸਰਵਣ ਕਰਵਾਉਣਗੇ। ਉਨ੍ਹਾਂ ਨੇ ਦੱਸਿਆ ਕਿ ਡੇਰੇ ਵਿਖੇ 8 ਅਤੇ 9 ਜਨਵਰੀ ਨੂੰ ਦੀਵਾਨ ਸਜਣਗੇ ਜਿਸ ਵਿਚ ਭਾਈ ਜਸਵਿੰਦਰ ਸਿੰਘ, ਭਾਈ ਰਛਪਾਲ ਸਿੰਘ ਅਤੇ ਹਜ਼ੂਰੀ ਰਾਗੀ ਭਾਈ ਲਵਪ੍ਰੀਤ ਸਿੰਘ ਸੰਗਤਾਂ ਨੂੰ ਗੁਰਇਤਿਹਾਸ ਸਰਵਣ ਕਰਵਾਉਣਗੇ।

# ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਜਾਣੂ ਕਰਵਾਉਣ ਲਈ ਟ੍ਰੈਫ਼ਿਕ ਪੁਲਿਸ ਨੇ ਐਸ.ਸੀ.ਸੀ. ਦੇ ਸਹਿਯੋਗ ਨਾਲ ਕੱਢੀ ਜਾਗਰੂਕਤਾ ਰੈਲੀ



ਟਰੈਫ਼ਿਕ ਪੁਲਿਸ ਵਲੋਂ ਐਨ.ਸੀ.ਸੀ. ਦੀ 21ਵੀਂ ਬਟਾਲੀਅਨ ਦੇ ਸਹਿਯੋਗ ਨਾਲ ਕੱਢੀ ਗਈ ਜਾਗਰੂਕਤਾ ਰੈਲੀ ਦੀ ਅਗਵਾਈ ਕਰਦੇ ਹੋਏ ਸਬ ਇੰਸਪੈਕਟਰ ਦਰਸ਼ਨ ਸਿੰਘ, ਤਸਵੀਰ ਵਿਚ ਉਨ੍ਹਾਂ ਨਾਲ ਗੁਰਬਚਨ ਸਿੰਘ, ਬਲਵਿੰਦਰ ਸਿੰਘ, ਮਲਕੀਤ ਸਿੰਘ (ਤਿੰਨੇ ਏ.ਐਸ.ਆਈ.) ਤੇ ਹੋਰ ਖੜ੍ਹੇ ਦਿਖਾਈ ਦੇ ਰਹੇ ਹਨ। ਤਸਵੀਰ: ਤਿਲਕਰਾਜ

ਕਪੂਰਥਲਾ, 3 ਜਨਵਰੀ (ਅਮਰਜੀਤ ਕੋਮਲ)-ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਜਾਣਕਾਰੀ ਦੇਣ ਤੇ ਉਨ੍ਹਾਂ ਨੂੰ ਨਵੇਂ ਵਰ੍ਹੇ ਦੀਆਂ ਮੁਬਾਰਕਬਾਦ ਦੇਣ ਦੇ ਮਕਸਦ ਨਾਲ ਟਰੈਫ਼ਿਕ ਪੁਲਿਸ ਦੇ ਐਜੂਕੇਸ਼ਨ ਸੈੱਲ ਵਲੋਂ ਇਕ ਜਾਗਰੂਕਤਾ ਰੈਲੀ ਕੱਢੀ ਗਈ। ਐਨ.ਸੀ.ਸੀ. 21 ਬਟਾਲੀਅਨ ਦੇ ਸਹਿਯੋਗ ਨਾਲ ਕੱਢੀ ਗਈ ਇਹ ਰੈਲੀ ਮਾਲ ਰੋਡ, ਸ਼ਿਵ ਮੰਦਿਰ, ਪੁਰਾਣੀ ਸਬਜ਼ੀ ਮੰਡੀ, ਸ਼ਹੀਦ ਭਗਤ ਸਿੰਘ ਚੌਕ, ਸਦਰ ਬਾਜ਼ਾਰ, ਸ਼ਹੀਦ ਡਿਪਟੀ ਕਮਾਡੈਂਟ ਬੀ.ਐਸ.ਐਫ., ਘੰਟਾ ਘਰ ਸਕੂਲ ਤੋਂ ਹੁੰਦੇ ਹੋਏ ਸਤਨਰਾਇਣ ਮੰਦਿਰ ਮੂਹਰੇ ਸਮਾਪਤ ਹੋਈ। ਰੈਲੀ ਵਿਚ ਸ਼ਾਮਿਲ ਐਨ.ਸੀ.ਸੀ. ਨਾਲ ਸੰਬੰਧਿਤ ਵਿਦਿਆਰਥੀਆਂ ਨੇ ਆਪਣੇ ਹੱਥਾਂ ਵਿਚ ਟਰੈਫ਼ਿਕ ਸੁਧਾਰ ਸੰਬੰਧੀ ਬੈਨਰ ਫੜੇ ਹੋਏ ਸਨ। ਇਸ ਮੌਕੇ ਟਰੈਫ਼ਿਕ ਪੁਲਿਸ ਦੇ ਇੰਚਾਰਜ ਸਬ ਇੰਸਪੈਕਟਰ ਦਰਸ਼ਨ ਸਿੰਘ ਨੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿਚ ਦੀ ਲੰਘਦਿਆਂ ਲੋਕਾਂ ਨੂੰ ਟਰੈਫ਼ਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਆਵਾਜਾਈ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ ਲਈ ਟਰੈਫ਼ਿਕ ਪੁਲਿਸ ਨੂੰ ਸਹਿਯੋਗ ਦੇਣ। ਉਨ੍ਹਾਂ ਦੁਕਾਨਦਾਰਾਂ ਤੇ ਰੇਹੜੀ ਵਾਲਿਆਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ ਵਲੋਂ ਬਾਜ਼ਾਰ ਵਿਚ ਲਗਾਈ ਪੀਲੀ ਲਾਈਨ ਤੋਂ ਪਿੱਛੇ ਆਪਣਾ ਸਾਮਾਨ ਰੱਖਣ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਵੇ। ਸਬ ਇੰਸਪੈਕਟਰ ਦਰਸ਼ਨ ਸਿੰਘ ਨੇ ਕਿਹਾ ਕਿ ਸ਼ਹਿਰ ਵਿਚ ਸੜਕ ਸੁਰੱਖਿਆ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ। ਉਨ੍ਹਾਂ ਬਾਜ਼ਾਰ ਵਿਚ ਸਾਮਾਨ ਦੀ ਖ਼ਰੀਦ ਕਰਨ ਵਾਲੇ ਲੋਕਾਂ ਨੂੰ ਆਪਣੀਆਂ ਗੱਡੀਆਂ ਪਾਰਕਿੰਗ ਵਿਚ ਲਗਾਉਣ ਲਈ ਕਿਹਾ। ਇਸ ਮੌਕੇ ਟਰੈਫ਼ਿਕ ਪੁਲਿਸ ਐਜੂਕੇਸ਼ਨ ਸੈੱਲ ਦੇ ਇੰਚਾਰਜ ਗੁਰਬਚਨ ਸਿੰਘ ਏ.ਐਸ.ਆਈ., ਐਨ.ਸੀ.ਸੀ. ਦੇ ਇੰਚਾਰਜ ਸਰਵਨ ਸਿੰਘ, ਬਲਵਿੰਦਰ ਸਿੰਘ, ਮਲਕੀਤ ਸਿੰਘ ਦੋਵੇਂ ਏ. ਐਸ. ਆਈ. ਆਦਿ ਹਾਜ਼ਰ ਸਨ।



ਗੁਰੂ ਅਮਰਦਾਸ ਪਬਲਿਕ ਸਕੂਲ ਗੋਇੰਦਵਾਲ ਰੋਡ, ਕਪੂਰਥਲਾ ਵਿਖੇ ਨਵੇਂ ਵਰ੍ਹੇ ਦੇ ਸੰਬੰਧ ਵਿਚ ਕਰਵਾਏ ਸਮਾਗਮ ਉਪਰੰਤ ਕੇਕ ਕੱਟਣ ਮੌਕੇ ਸਕੂਲ ਦੇ ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ, ਪ੍ਰਿੰਸੀਪਲ ਸਾਕਸ਼ੀ ਚੋਪੜਾ ਸਕੂਲ ਦੇ ਸਟਾਫ਼ ਮੈਂਬਰਾਂ ਨਾਲ ਦਿਖਾਈ ਦੇ ਰਹੇ। ਅਜੀਤ ਤਸਵੀਰ

# ਗੁਰੂ ਅਮਰਦਾਸ ਪਬਲਿਕ ਸਕੂਲ ਕਪੂਰਥਲਾ 'ਚ ਨਵੇਂ ਵਰ੍ਹੇ ਦੀ ਆਮਦ ਸੰਬੰਧੀ ਸਮਾਗਮ

ਕਪੂਰਥਲਾ, 3 ਜਨਵਰੀ (ਅਮਰਜੀਤ ਕੋਮਲ)-ਗੁਰੂ ਅਮਰਦਾਸ ਪਬਲਿਕ ਸਕੂਲ ਗੋਇੰਦਵਾਲ ਰੋਡ ਕਪੂਰਥਲਾ ਵਿਖੇ ਨਵੇਂ ਵਰ੍ਹੇ ਨੂੰ ਖ਼ੁਸ਼ਆਮਦੀਦ ਕਹਿਣ ਲਈ ਇਕ ਸਮਾਗਮ ਕਰਵਾਇਆ ਗਿਆ ਜਿਸ ਦਾ ਆਗਾਜ਼ ਟੀਚਿੰਗ ਸਟਾਫ਼ ਵਲੋਂ ਗਾਇਨ ਕੀਤੇ ਧਾਰਮਿਕ ਭਜਨ ਗਾਇਨ ਨਾਲ ਹੋਇਆ। ਬਾਅਦ ਵਿਚ ਵਿਦਿਆਰਥੀਆਂ ਨੇ ਭਾਸ਼ਣ, ਨਾਚ ਤੇ ਕਵਿਤਾਵਾਂ ਪੇਸ਼ ਕੀਤੀਆਂ। ਆਈ.ਟੀ. ਵਿਭਾਗ ਵਲੋਂ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਇਕ ਵੀਡੀਓ ਪੇਸ਼ ਕੀਤੀ ਗਈ ਜਿਸ ਨੂੰ ਬੱਚਿਆਂ ਤੇ ਸਟਾਫ਼ ਨੇ ਬੜੀ ਨੀਝ ਨਾਲ ਦੇਖਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਆਪਣੀਆਂ ਕਮੀਆਂ ਨੂੰ ਤਿਲਾਂਜਲੀ ਦੇ ਕੇ ਇਸ ਵਰ੍ਹੇ ਚੰਗੀਆਂ ਆਦਤਾਂ ਗ੍ਰਹਿਣ ਕਰਨ ਦਾ ਪ੍ਰਣ ਲਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਡਾਇਰੈਕਟਰ ਜਤਿੰਦਰਪਾਲ ਰੰਧਾਵਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਚੋਪੜਾ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਨਵੇਂ ਸਾਲ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸਕੂਲ ਵਿਚ ਆਪਣੀਆਂ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਨਾਲ ਨਿਭਾਉਣ ਵਾਲੇ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ 'ਚ ਸਕੂਲ ਦੇ ਸਟਾਫ਼ ਮੈਂਬਰ ਤੇ ਵਿਦਿਆਰਥੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



ਸਟੇਟ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਜਥੇਬੰਦੀਆਂ ਦੀ ਮੀਟਿੰਗ ਮੌਕੇ ਸਮਾਗਮ ਸੰਬੰਧੀ ਪੋਸਟਰ ਜਾਰੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਜਥੇ: ਜਰਨੈਲ ਸਿੰਘ ਡੋਗਰਾਂਵਾਲਾ, ਮੈਨੇਜਰ ਸਤਨਾਮ ਸਿੰਘ ਹਬੀਬਵਾਲ, ਅਮਰਬੀਰ ਸਿੰਘ ਲਾਲੀ ਤੇ ਹੋਰ। ਤਸਵੀਰ: ਤਿਲਕਰਾਜ

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ 7 ਨੂੰ-ਜਥੇ: ਡੋਗਰਾਂਵਾਲ

### ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਧਾਰਮਿਕ ਜਥੇਬੰਦੀਆਂ ਨਾਲ ਕੀਤੀ ਮੀਟਿੰਗ

ਕਪੂਰਥਲਾ, 3 ਜਨਵਰੀ (ਸਡਾਨਾ)-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਕਰਵਾਏ ਜਾਣ ਵਾਲੇ ਧਾਰਮਿਕ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਸਟੇਟ ਗੁਰਦੁਆਰਾ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੇ ਮੈਂਬਰ ਜਥੇ: ਜਰਨੈਲ ਸਿੰਘ ਡੋਗਰਾਂਵਾਲਾ ਦੀ ਅਗਵਾਈ ਹੇਠ ਧਾਰਮਿਕ ਜਥੇਬੰਦੀਆਂ ਦੀ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇ: ਜਰਨੈਲ ਸਿੰਘ ਡੋਗਰਾਂਵਾਲਾ ਨੇ ਕਿਹਾ ਕਿ 9 ਜਨਵਰੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਸਟੇਟ ਗੁਰਦੁਆਰਾ ਸਾਹਿਬ ਵਿਖੇ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 7 ਜਨਵਰੀ ਨੂੰ ਸਵੇਰੇ 11 ਵਜੇ ਸਟੇਟ ਗੁਰਦੁਆਰਾ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਵੇਗਾ, ਜੋ ਕਿ ਵੱਖ-ਵੱਖ ਇਲਾਕਿਆਂ ਵਿਚੋਂ ਹੁੰਦਾ ਹੋਇਆ ਦੇਰ ਸ਼ਾਮ ਵਾਪਸ ਗੁਰਦੁਆਰਾ ਸਾਹਿਬ ਪਹੁੰਚ ਕੇ ਸਮਾਪਤ ਹੋਵੇਗਾ ਅਤੇ 9 ਨਵੰਬਰ ਨੂੰ ਦਿਨ ਅਤੇ ਰਾਤ ਦੇ ਸਮੇਂ ਧਾਰਮਿਕ ਦੀਵਾਨ ਸੱਜਣਗੇ। ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰੂ ਚਰਨਾ ਨਾਲ ਜੋੜਨਗੇ। ਇਸ ਮੌਕੇ ਉਨ੍ਹਾਂ ਸਮਾਗਮਾਂ ਨੂੰ ਹੋਰ ਬਿਹਤਰ ਬਣਾਉਣ ਲਈ ਹਾਜ਼ਰ ਧਾਰਮਿਕ ਜਥੇਬੰਦੀਆਂ ਤੋਂ ਸੁਝਾਅ ਵੀ ਮੰਗੇ ਤੇ ਉਨ੍ਹਾਂ ਪਾਸੋਂ ਸਹਿਯੋਗ ਦੀ ਅਪੀਲ ਵੀ ਕੀਤੀ। ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ ਸ਼ਹਿਰੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਵਾਲੀਆ, ਅਕਾਲੀ ਬਸਪਾ ਗੱਠਜੋੜ ਦੇ ਉਮੀਦਵਾਰ ਜਥੇ: ਦਵਿੰਦਰ ਸਿੰਘ ਢੱਪਈ, ਸਾਬਕਾ ਚੇਅਰਮੈਨ ਅਮਰਬੀਰ ਸਿੰਘ ਲਾਲੀ, ਰਸ਼ਪਾਲ ਸਿੰਘ ਸਿਟੀ ਕੇਬਲ, ਹਜ਼ੂਰਾ ਸਿੰਘ ਚੀਮਾ, ਗੁਰਪ੍ਰੀਤ ਸਿੰਘ ਬੰਟੀ ਵਾਲੀਆ, ਮੈਨੇਜਰ ਸਤਨਾਮ ਸਿੰਘ ਹਬੀਬਵਾਲ, ਸੁਖਵਿੰਦਰ ਮੋਹਨ ਸਿੰਘ ਭਾਟੀਆ, ਸ਼ਮਸ਼ੇਰ ਸਿੰਘ ਮੱਲੀ, ਮਹਿੰਦਰ ਸਿੰਘ ਬੇਦੀ, ਅਰਵਿੰਦਰਜੀਤ ਸਿੰਘ ਸੂਰੀ, ਯੂਥ ਅਕਾਲੀ ਆਗੂ ਅਵੀ ਰਾਜਪੂਤ, ਜਗੀਰ ਸਿੰਘ, ਜਥੇ: ਸੁਖਜਿੰਦਰ ਸਿੰਘ ਬੱਬਰ, ਸਾਬਕਾ ਕੌਂਸਲਰ ਮਨਮੋਹਨ ਸਿੰਘ ਵਾਲੀਆ, ਬੀਬੀ ਦਵਿੰਦਰ ਕੌਰ ਸਾਹਨੀ, ਅਮਰਜੀਤ ਸਿੰਘ, ਬਲਕਾਰ ਚੰਦ ਨਾਹਰ ਤੇ ਹੋਰ ਸੰਗਤਾਂ ਹਾਜ਼ਰ ਸਨ।



ਪਿੰਡ ਭੁਲਾਣਾ ਵਲੋਂ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਸੰਬੰਧੀ ਸਜਾਏ ਗਏ ਨਗਰ ਕੀਰਤਨ ਦਾ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸੇਵਕ ਸਭਾ ਆਰਸੀਐਫ ਵਿਖੇ ਪਹੁੰਚਣ 'ਤੇ ਸਵਾਗਤ ਕਰਦੇ ਹੋਏ ਕਸ਼ਮੀਰ ਸਿੰਘ, ਕ੍ਰਿਸ਼ਨ ਸਿੰਘ, ਅਮਰਜੀਤ ਸਿੰਘ, ਮਨਜੀਤ ਸਿੰਘ, ਪ੍ਰਨੀਸ਼ ਕੁਮਾਰ ਤੇ ਹੋਰ। ਤਸਵੀਰ: ਸੋਢੀ



ਹਲਕਾ ਸੁਲਤਾਨਪੁਰ ਲੋਧੀ ਤੋਂ ਆਪ ਉਮੀਦਵਾਰ ਸੱਜਣ ਸਿੰਘ ਅੱਲੂਵਾਲ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ ਕਰਨ ਸਮੇਂ। ਤਸਵੀਰ: ਲਾਡੀ ਸਟੂਡੀਓ

# ਪਿੰਡ ਅੱਲੂਵਾਲ ਵਿਖੇ ਆਪ ਉਮੀਦਵਾਰ ਸੱਜਣ ਸਿੰਘ ਦੇ ਹੱਕ 'ਚ ਵਿਸ਼ਾਲ ਮੀਟਿੰਗ

### ਆਪ ਸਰਕਾਰ ਆਉਣ 'ਤੇ ਹਲਕੇ ਦਾ ਸਰਬਪੱਖੀ ਵਿਕਾਸ ਹੋਵੇਗਾ-ਸੱਜਣ ਸਿੰਘ

ਸੁਲਤਾਨਪੁਰ ਲੋਧੀ, 3 ਜਨਵਰੀ (ਪ.ਪ. ਰਾਹੀਂ)-ਹਲਕਾ ਸੁਲਤਾਨਪੁਰ ਲੋਧੀ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਰਜੁਨਾ ਐਵਾਰਡੀ ਸੱਜਣ ਸਿੰਘ ਦਬੁਲੀਆਂ ਨੂੰ ਦਿਨੋਂ ਦਿਨ ਭਰਵਾਂ ਹੁੰਗਾਰਾ ਮਿਲ ਰਿਹਾ ਹੈ, ਜਿਸ ਤਹਿਤ ਪਿੰਡ ਅੱਲੂਵਾਲ ਵਿਖੇ ਵਿਸ਼ਾਲ ਮੀਟਿੰਗ ਹੋਈ। ਇਸ ਮੌਕੇ ਪਿੰਡ ਵਾਸੀਆਂ ਨੇ ਸੱਜਣ ਸਿੰਘ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਨਾਲ ਬਿਨਾਂ ਕਿਸੇ ਡਰ ਦੇ ਚਟਾਨ ਵਾਂਗ ਖੜੇ ਹਨ। ਸੰਬੋਧਨ ਕਰਦਿਆਂ ਆਪ ਉਮੀਦਵਾਰ ਸੱਜਣ ਸਿੰਘ ਨੇ ਕਿਹਾ ਕਿ ਆਪ ਸਰਕਾਰ ਆਉਣ 'ਤੇ ਹਲਕਾ ਸੁਲਤਾਨਪੁਰ ਲੋਧੀ ਵਿਚ ਆਧੁਨਿਕ ਹਸਪਤਾਲ, ਵਿੱਦਿਅਕ ਅਦਾਰਾ ਅਤੇ ਖੇਤੀਬਾੜੀ ਆਧਾਰਿਤ ਸਨਅਤ ਪਹਿਲ ਦੇ ਆਧਾਰ ਸਥਾਪਿਤ ਕੀਤੀ ਜਾਵੇਗੀ। ਇਸੇ ਤਰ੍ਹਾਂ ਹਲਕੇ ਅੰਦਰ ਕਿਸੇ ਵੀ ਦਫ਼ਤਰ ਵਿਚ ਰਿਸ਼ਵਤਖ਼ੋਰੀ ਦਾ ਨਾਮੋ ਨਿਸ਼ਾਨ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਹਲਕੇ ਕਿਸੇ ਵੀ ਤਰ੍ਹਾਂ ਦੀ ਬਦਲਾਖੋਰੀ ਵਾਲੀ ਸਿਆਸਤ ਨਹੀਂ ਹੋਵੇਗੀ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਰੇਕ ਵਿਅਕਤੀ ਦੇ ਕੰਮ ਹੋਣਗੇ। ਇਸ ਮੌਕੇ ਹਰਜਿੰਦਰ ਸਿੰਘ ਠੇਕੇਦਾਰ ਸਾਬਕਾ ਸਰਪੰਚ, ਅਮਰਜੀਤ ਸਿੰਘ ਠੇਕੇਦਾਰ, ਹਰਜਿੰਦਰ ਸਿੰਘ, ਜਰਨੈਲ ਸਿੰਘ, ਬਲਕਾਰ ਸਿੰਘ, ਬਲਬੀਰ ਸਿੰਘ, ਇੰਦਰਜੀਤ ਸਿੰਘ, ਰਣਜੀਤ ਸਿੰਘ, ਮਨਜੀਤ ਸਿੰਘ ਸਾਬੀ, ਅਮਰਜੀਤ ਸਿੰਘ, ਅਮਰੂ, ਅਮਰਜੀਤ ਸਿੰਘ ਬੱਗਾ, ਲਖਵਿੰਦਰ ਸਿੰਘ, ਭੁਪਿੰਦਰ ਸਿੰਘ, ਦਲਜੀਤ ਸਿੰਘ ਲਾਡਾ, ਡਾ. ਬੇਅੰਤ ਸਿੰਘ ਕਬੀਰਪੁਰ, ਸੁਦੇਸ਼ ਕੁਮਾਰ, ਲਵਪ੍ਰੀਤ ਸਿੰਘ ਡਡਵਿੰਡੀ, ਰਜਿੰਦਰ ਸਿੰਘ ਜੈਨਪੁਰ ਆਦਿ ਹਾਜ਼ਰ ਸਨ।

## ਬਾਠ ਨੂੰ ਦਿੱਲੀ ਕਮੇਟੀ ਦਾ ਪ੍ਰਧਾਨ ਬਣਾਏ ਜਾਣ ਦਾ ਫੈਸਲਾ ਸ਼ਲਾਘਾਯੋਗ-ਖਾਲਸਾ

ਜਲੰਧਰ, 3 ਜਨਵਰੀ (ਜਸਪਾਲ ਸਿੰਘ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਮ੍ਰਿਤਸਰ ਵਿਚਲੀ ਸ੍ਰੀ ਗੁਰੂ ਤੇਗ ਬਹਾਦਰ ਸਰਾਂ ਦੇ ਚੇਅਰਮੈਨ ਭੁਪਿੰਦਰ ਸਿੰਘ ਖਾਲਸਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕਾਰਜਕਾਰੀ ਪ੍ਰਧਾਨ ਕੁਲਵੰਤ ਸਿੰਘ ਬਾਠ ਨੂੰ ਬਣਾਏ ਜਾਣ ਦੇ ਫੈਸਲਾ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਲੈ ਕੇ ਹਰਮੀਤ ਸਿੰਘ ਕਾਲਕਾ ਵਲੋਂ ਦੂਰ ਅੰਦੇਸ਼ੀ ਵਾਲਾ ਤੇ ਸਹੀ ਫੈਸਲਾ ਲਿਆ ਗਿਆ, ਜਿਸ ਦੀ ਸਮੂਹ ਸਿੱਖ ਸੰਗਤ ਨੇ ਸ਼ਲਾਘਾ ਕੀਤੀ ਹੈ। ਇਸ ਮੌਕੇ ਸ. ਖਾਲਸਾ ਦੇ ਨਾਲ ਡਾ. ਸਤਬੀਰ ਸਿੰਘ ਸ਼ਾਨ ਨੇ ਵੀ ਕੁਲਵੰਤ ਸਿੰਘ ਬਾਠ ਦੀ ਨਿਯੁਕਤੀ ਨੂੰ ਕਮੇਟੀ ਦੇ ਹਿੱਤ 'ਚ ਦੱਸਦੇ ਹੋਏ ਕਿਹਾ ਕਿ ਉਨ੍ਹਾਂ ਦੀ ਯੋਗ ਅਗਵਾਈ ਹੇਠ ਸਿੱਖ ਸੰਗਤ ਗੁਰੂ ਘਰਾਂ ਦੀ ਸਾਂਭ ਸੰਭਾਲ ਲਈ ਇਕਜੁੱਟ ਹੋ ਕੇ ਕੰਮ ਕਰੇਗੀ।

ਦਫ਼ਤਰ ਵਧੀਕ ਡਿਪਟੀ ਕਮਿਸ਼ਨਰ-ਕਮ-ਮੈਰਿਜ ਅਫਸਰ, ਲੁਧਿਆਣਾ।
(ਪੇਸ਼ੀ ਸ਼ਾਖਾ)



ਨੋਟਿਸ ਹਰ ਆਮ ਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ Resham Singh S/O Gurdev Singh ਵਾਸੀ 11541 Street No. 26 Ram Nagar, Near Sangit Cinema, Ludhiana ਨੇ ਬੇਨਤੀ ਕੀਤੀ ਹੈ ਕਿ ਉਸ ਦੇ ਲੜਕੇ Jasibr Singh S/o Resham Singh ਦੀ ਜਨਮ ਮਿਤੀ 21/07/1993 ਹੈ, ਜੋ ਕਿ Cyprus ਵਿਖੇ ਰਹਿ ਰਿਹਾ ਹੈ ਅਤੇ ਉਸਨੇ ਭਾਰਤ ਵਿਚ ਅਜੇ ਤੱਕ ਕੋਈ ਮੰਗਣੀ ਵਿਆਹ ਨਹੀਂ ਕਰਵਾਇਆ। ਇਸ ਲਈ ਉਹ ਆਪਣੀ ਮਰਜ਼ੀ ਨਾਲ Cyprus ਵਿਖੇ ਵਿਆਹ ਕਰਾਉਣਾ ਚਾਹੁੰਦਾ ਹੈ। ਇਸ ਲਈ ਅਣ-ਵਿਆਹੁਤਾ ਸਰਟੀਫਿਕੇਟ ਜਾਰੀ ਕਰਨ ਦੀ ਮੰਗ ਕੀਤੀ ਹੈ।
ਉਕਤ ਦੇ ਸੰਬੰਧ ਵਿੱਚ ਜੇਕਰ ਕਿਸੇ ਨੂੰ ਸ੍ਰੀ Jasibr Singh S/o Resham Singh ਵਾਸੀ 11541 Street No. 26 Ram Nagar, Near Sangit Cinema, Ludhiana ਦੇ ਨਾਮ ਅਣ-ਵਿਆਹੁਤਾ ਸਰਟੀਫਿਕੇਟ ਜਾਰੀ ਕਰਨ ਵਿੱਚ ਕੋਈ ਇਤਰਾਜ ਹੋਵੇ ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਿਤ ਹੋਣ ਤੋਂ 30 ਦਿਨਾਂ ਦੇ ਅੰਦਰ ਅੰਦਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਲਿਖਤੀ ਤੌਰ ਤੇ ਇਤਰਾਜ਼ ਪੇਸ਼ ਕਰੇ। ਜੇਕਰ ਮਿੱਥੇ ਸਮੇਂ ਅੰਦਰ ਅੰਦਰ ਕੋਈ ਇਤਰਾਜ ਪੇਸ਼ ਨਹੀਂ ਕਰਦਾ ਤਾਂ Jasibr Singh S/o Resham Singh ਦੇ ਨਾਮ ਅਣ ਵਿਆਹੁਤਾ ਸਰਟੀਫਿਕੇਟ ਜਾਰੀ ਕਰ ਦਿੱਤਾ ਜਾਵੇਗਾ।
ਵਧੀਕ ਡਿਪਟੀ ਕਮਿਸ਼ਨਰ,
ਮਿਤੀ 22/12/21 ਕਮ ਮੈਰਿਜ ਅਫਸਰ ਲੁਧਿਆਣਾ।

ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ, ਨਵੀਂ ਦਿੱਲੀ
ਇਸ਼ਤਿਹਾਰ ਨੰ: ICMR/DIR/NARI/2021-22/1-Pers
ਵੈਕੰਸੀ ਸਰਕੂਲਰ
ਬਿਨੈਪੱਤਰਾਂ ਦੀ ਪ੍ਰਾਪਤੀ ਲਈ ਅੰਤਿਮ ਮਿਤੀ : 1 ਫਰਵਰੀ, 2022
ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ (ਆਈ ਸੀ ਐਮ ਆਰ), ਹੈਲਥ ਰਿਸਰਚ ਵਿਭਾਗ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ ਅਧੀਨ ਇਕ ਖ਼ੁਦਮੁਖਤਿਆਰ ਸੰਗਠਨ ਦੁਆਰਾ ਪੇਅ ਮੈਟਰਿਕਸ ਦੇ ਲੈਵਲ 14 (ਰੁਪਏ 1,44,200-2, 18, 200) (7ਵਾਂ ਸੀ ਪੀ ਪੀ ਸਕੇਲ) ਅਤੇ ਆਈ ਸੀ ਐਮ ਆਰ ਇੰਪਲਾਈਜ਼ ਲਈ ਲਾਗੂ ਯੋਗ ਅਨੁਸਾਰ ਯੂਜ਼ਅਲ ਅਲਾਊਂਸਜ਼ ਵਿਚ ਆਈ ਸੀ ਐਮ ਆਰ-ਨੈਸ਼ਨਲ ਏਡਜ਼ ਰਿਸਰਚ ਇੰਸਟੀਚਿਊਟ ਪੂਨੇ ਵਿਖੇ ਨਿਰਦੇਸ਼ਕ ਦੀ ਅਸਾਮੀ ਲਈ ਮਿਤੀ 1 ਫਰਵਰੀ, 2022 ਸ਼ਾਮ 5.30 ਵਜੇ ਤੱਕ ਬਿਨੈਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।
ਵਿਸਥਾਰਤ ਇਸ਼ਤਿਹਾਰ ਲਈ ਕ੍ਰਿਪਾ ਕਰਕੇ ਆਈ ਸੀ ਐਮ ਆਰ ਵੈੱਬਸਾਈਟ www.icmr.nic.in ਜਾਂ https://recruit.icmr.org.in 'ਤੇ ਪਧਾਰੋ।
davp 17152/11/0008/2122 ਸਹੀ/-ਅਸਿਸਟੈਂਟ ਡਾਇਰੈਕਟਰ-ਜਨਰਲ (ਐਡਮਨ)